ਹਿਮਾਚਲ 'ਚ ਪੁਰਾਣੀ ਪੈਨਸ਼ਨ ਸੱਭ ਤੋਂ ਵੱਡਾ ਮੁੱਦਾ, ਪ੍ਰਧਾਨ ਮੰਤਰੀ ਇਸ ਨੂੰ ਪੂਰੇ ਦੇਸ਼ ਵਿਚ ਲਾਗੂ ਕਰਨ : ਗਹਿਲੋਤ



ਸ਼ਿਮਲਾ, 8 ਨਵੰਬਰ : ਰਾਜਸਥਾਨ ਦੇ ਮੁੱਖ ਮੰਤਰੀ ਅਸ਼ੋਕ ਗਹਿਲੋਤ ਨੇ ਮੰਗਲਵਾਰ ਨੂੰ ਕਿਹਾ ਕਿ ਹਿਮਾਚਲ ਪ੍ਰਦੇਸ਼ ਵਿਧਾਨ ਸਭਾ ਚੋਣਾਂ ਵਿਚ ਪੁਰਾਣੀ ਪੈਨਸ਼ਨ ਯੋਜਨਾ (ਓਪੀਐਸ) ਸੱਭ ਤੋਂ ਵੱਡਾ ਮੁੱਦਾ ਬਣ ਗਿਆ ਹੈ ਅਤੇ ਕੋਈ ਵੀ ਸਰਕਾਰ ਇਸ ਮੁੱਦੇ ਨੂੰ ਨਜ਼ਰਅੰਦਾਜ਼ ਨਹੀਂ ਕਰ ਸਕਦੀ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੂਰੇ ਦੇਸ਼ ਭਰ ਵਿਚ ਓ.ਪੀ.ਐਸ. ਲਾਗੂ ਕਰਨਾ ਚਾਹੀਦਾ।

ਗਹਿਲੋਤ ਨੇ ਇਹ ਵੀ ਕਿਹਾ ਕਿ ਭਾਰਤੀ ਜਨਤਾ ਪਾਰਟੀ (ਭਾਜਪਾ) ਡਰ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਚਿਹਰਾ ਅੱਗੇ ਕਰ ਰਹੀ ਹੈ, ਪਰ ਹੁਣ ਉਨ੍ਹਾਂ ਦੀ ਲੋਕਪ੍ਰਿਅਤਾ ਦਾ ਗ੍ਰਾਫ਼ ਡਿੱਗ ਰਿਹਾ ਹੈ।

ਉਨ੍ਹਾਂ ਕਿਹਾ, "ਭਾਜਪਾ ਘਬਰਾ ਕੇ ਪ੍ਰਧਾਨ ਮੰਤਰੀ ਮੋਦੀ ਦਾ ਨਾਂ ਅੱਗੇ ਕਰ ਰਹੀ ਹੈ। ਕਹਾਵਤ ਹੈ ਕਿ ਬਕਰੇ ਦੀ ਮਾਂ ਕਦੋਂ ਤਕ ਖ਼ੈਰ ਮਨਾਵੇਗੀ। ਮੋਦੀ ਜੀ ਦਾ ਗ੍ਰਾਫ਼ ਲਗਾਤਾਰ ਹੇਠਾਂ ਆ ਰਿਹਾ ਹੈ। ਜੇਕਰ ਅਸੀਂ ਉਨ੍ਹਾਂ ਦੇ 2014 ਦੇ ਭਾਸ਼ਣਾਂ ਨੂੰ ਸੁਣਦੇ ਹਾਂ ਤਾਂ ਸਾਨੂੰ ਕੁੱਝ ਕਹਿਣ ਦੀ ਲੋੜ ਨਹੀਂ ਪਵੇਗੀ।"

ਓ.ਪੀ.ਐਸ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, "ਇਥੇ ਮੈਂ ਓ.ਪੀ.ਐਸ ਬਾਰੇ ਸੁਣਿਆ ਇਹ ਇਕ ਵੱਡਾ ਮੁੱਦਾ ਬਣ ਗਿਆ ਹੈ।"

ਉਨ੍ਹਾਂ ਕਿਹਾ, "ਮੈਨੂੰ ਕਿਸੇ ਨੇ ਨਹੀਂ ਦਸਿਆ, ਫਿਰ ਵੀ ਮੈਂ ਰਾਜਸਥਾਨ ਵਿਚ ਪੁਰਾਣੀ ਪੈਨਸ਼ਨ ਲਾਗੂ ਕੀਤੀ। ਇਹ ਫ਼ੈਸਲਾ ਮਨੁੱਖੀ ਨਜ਼ਰੀਏ ਤੋਂ ਲਿਆ ਗਿਆ ਹੈ। ਪੂਰੇ ਦੇਸ਼ ਵਿਚ ਓਪੀਐਸ ਲਾਗੂ ਹੋਣਾ ਚਾਹੀਦਾ ਹੈ। (**ਏਜੰਸੀ**)

ਸ.ਫਾ ਇਕ ਦੀਆਂ ਬਾਕੀਆਂ

ਆਨੰਦ ਮੈਰਿਜ ਐਕਟ ਨੂੰ ਕੀਤਾ ਜਾਵੇਗਾ ਲਾਗੂ

ਸੂਬੇ ਵਿਚ ਫ਼ਿਰਕੂ ਸਾਂਝ, ਸ਼ਾਂਤੀ ਅਤੇ ਭਾਈਚਾਰੇ ਦੀਆਂ ਭਾਵਨਾਵਾਂ ਹਰ ਲੰਘਦੇ ਦਿਨ ਨਾਲ ਜ਼ਿਆਦਾ ਮਜ਼ਬੂਤ ਹੋਣ ਅਤੇ ਪੰਜਾਬ ਹਰ ਖੇਤਰ ਵਿਚ ਦੇਸ਼ ਦੀ ਅਗਵਾਈ ਕਰੇ। ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ 'ਤੇ ਸੰਗਤ ਨੂੰ ਹਾਰਦਿਕ ਵਧਾਈ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਇਕ ਮਹਾਨ ਅਧਿਆਤਮਕ ਆਗੂ ਸਨ, ਜਿਨ੍ਹਾਂ ਮਨੁੱਖਤਾ ਨੂੰ ਪ੍ਰਮਾਤਮਾ ਦੀ ਭਗਤੀ ਰਾਹੀਂ ਮੁਕਤੀ ਪ੍ਰਾਪਤ ਕਰਨ ਦਾ ਰਾਹ ਦਿਖਾਇਆ। ਭਗਵੰਤ ਮਾਨ ਨੇ ਕਿਹਾ ਕਿ ਗੁਰੂ ਜੀ ਦੀਆਂ 'ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ' ਦੀਆਂ ਸਦੀਵੀ ਸਿਖਿਆਵਾਂ ਅਜੋਕੇ ਪਦਾਰਥਵਾਦੀ

ਸਮਾਜ ਵਿਚ ਵੀ ਪ੍ਰਸੰਗਿਕ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਜਾਤ-ਪਾਤ ਰਹਿਤ ਸਮਾਜ ਦੀ ਕਲਪਨਾ ਕੀਤੀ ਸੀ ਤਾਕਿ ਦੁਖੀ ਮਨੁੱਖਤਾ ਨੂੰ ਤਕਲੀਫ਼ਾਂ ਤੋਂ ਮੁਕਤ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮਨੁੱਖਤਾ ਨੂੰ ਨਵੇਂ ਵਿਚਾਰਾਂ, ਆਦਰਸ਼ਾਂ ਅਤੇ ਜਿਗਿਆਸਾਵਾਂ ਨਾਲ ਪ੍ਰੇਰਿਤ ਕੀਤਾ ਅਤੇ ਪਾਖੰਡ, ਝੂਠ, ਫਰੇਬ ਅਤੇ ਜਾਤ-ਪਾਤ ਦੀਆਂ ਬੁਰਾਈਆਂ ਤੋਂ ਛੁਟਕਾਰਾ ਪਾਉਣ ਦਾ ਸੱਦਾ ਦਿਤਾ। ਮੁੱਖ ਮੰਤਰੀ ਨੇ ਲੋਕਾਂ ਨੂੰ ਇਸ ਪਵਿੱਤਰ ਮੌਕੇ ਨੂੰ ਜਾਤ, ਰੰਗ, ਨਸਲ ਅਤੇ ਧਰਮ ਦੇ ਭੇਦਭਾਵ ਤੋਂ ਉਪਰ ਉੱਠ ਕੇ ਪੂਰੀ ਸ਼ਰਧਾ ਅਤੇ ਲਗਨ ਨਾਲ ਮਨਾਉਣ ਦਾ ਸੱਦਾ ਦਿੱਤਾ।

ਗੁਰਬਾਣੀ ਦੀ ਤੁਕ 'ਪਵਣੁ ਗੁਰੂ ਪਾਣੀ ਪਿਤਾ, ਮਾਤਾ ਧਰਤਿ ਮਹਤੁ' ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਜੀ ਨੇ ਹਵਾ ਨੂੰ ਗੁਰੂ, ਪਾਣੀ ਨੂੰ ਪਿਤਾ ਅਤੇ ਧਰਤ ਦੀ ਮਾਤਾ ਨਾਲ ਤੁਲਨਾ ਕੀਤੀ ਹੈ। ਭਗਵੰਤ ਮਾਨ ਨੇ ਕਿਹਾ ਕਿ ਗੁਰੂ ਜੀ ਦੀ ਦੂਰਅੰਦੇਸ਼ ਸੋਚ ਦੀ ਪਤਾ ਇਸ ਗੱਲੋਂ ਲਗਦਾ ਹੈ ਕਿ ਉਨ੍ਹਾਂ ਉਸ ਸਮੇਂ ਲੋਕਾਂ ਨੂੰ ਵਾਤਾਵਰਣ ਦੀ ਸੰਭਾਲ ਦਾ ਉਪਦੇਸ਼ ਦਿਤਾ ਸੀ, ਜਦੋਂ ਹਵਾ ਪ੍ਰਦੂਸ਼ਣ ਕਿਤੇ ਵੀ ਨਹੀਂ ਸੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨਾਰੀ ਸ਼ਕਤੀਕਰਨ ਅਤੇ ਸਮਾਜ ਵਿਚ ਔਰਤਾਂ ਨੂੰ ਬਰਾਬਰੀ ਦਾ ਦਰਜਾ ਦੇਣ ਦੇ ਪੱਕੇ ਪੈਰੋਕਾਰ ਸਨ।

'ਜੇ ਮੈਂ .ਗਲਤ ਸਾਬਤ ਹੋਇਆ ਤਾਂ ਅਸਤੀ.ਫ਼ਾ ਦੇ ਦੇਵਾਂਗਾ', ਪਰ ਅਪਣੇ ਬਿਆਨ 'ਤੇ ਮਾ.ਫ਼ੀ ਨਹੀਂ ਮੰਗਾਂਗਾ

ਗਿਣਤੀ ਦੀਆਂ ਵੋਟਾਂ ਹਾਸਲ ਕਰਨ ਦੇ ਸੁਪਨੇ ਦੇਖਦੇ ਹਨ। ਇਹ ਦੇਸ਼ ਵਿਰੋਧੀ ਹੈ ਅਤੇ ਸਾਰਿਆਂ ਨੂੰ ਇਸ ਦੀ ਨਿੰਦਾ ਕਰਨੀ ਚਾਹੀਦੀ ਹੈ। ਕੀ ਰਾਹੁਲ ਗਾਂਧੀ ਅਤੇ ਸਿੱਧਰਮਈਆ ਦੀ ਚੁੱਪੀ ਸਤੀਸ਼ ਦੇ ਬਿਆਨਾਂ ਦਾ ਸਮਰਥਨ ਕਰ ਰਹੀ ਹੈ? ਕਾਂਗਰਸ ਦੀ ਕਰਨਾਟਕ ਇਕਾਈ ਨੇ ਸਤੀਸ਼ ਜਰਕੀਹੋਲੀ ਦੇ ਬਿਆਨ ਨੂੰ ਵੱਖਰਾ ਦਸਿਆ ਹੈ। ਕਰਨਾਟਕ ਕਾਂਗਰਸ ਦੇ ਮੁਖੀ ਡੀਕੇ ਸ਼ਿਵਕੁਮਾਰ ਨੇ ਕਿਹਾ ਕਿ ਸਤੀਸ਼ ਜਾਰਕੀਹੋਲੀ ਦਾ ਬਿਆਨ ਉਨ੍ਹਾਂ ਦੀ ਨਿਜੀ ਰਾਏ ਹੈ ਨਾ ਕਿ ਕਾਂਗਰਸ ਪਾਰਟੀ ਦੀ ਰਾਏ, ਅਸੀਂ ਇਸ 'ਤੇ ਉਨ੍ਹਾਂ ਤੋਂ ਸਪੱਸ਼ਟੀਕਰਨ ਮੰਗਾਂਗੇ। ਕਾਂਗਰਸ ਪਾਰਟੀ ਸਾਰੇ ਧਰਮਾਂ ਦਾ ਸਮਰਥਨ ਕਰਦੀ ਹੈ ਅਤੇ ਉਨ੍ਹਾਂ ਦੇ ਬਿਆਨ ਨਾਲ ਸਹਿਮਤ ਨਹੀਂ ਹੈ। (**ਏਜੰਸੀ**)

ਫਗਵਾੜਾ ਨਾਲ ਸਬੰਧ ਰੱਖਣ ਵਾਲੇ ਸੁਰਿੰਦਰ ਪਾਲ ਰਾਠੌਰ ਕੈਨੇਡਾ ਵਿਚ ਬਣੇ ਮੇਅਰ

ਉਤਰਾਅ-ਚੜ੍ਹਾਅ ਦੇਖੇ ਪਰ ਉਹ ਸਕਾਰਾਤਮਕ ਸੋਚ ਨਾਲ ਅੱਗੇ ਵਧਦੇ ਰਹੇ। ਸੁਰਿੰਦਰ ਪਾਲ ਰਾਠੌਰ ਦੇ ਪਿਤਾ ਕਰਨਲ ਅਵਤਾਰ ਸਿੰਘ ਭਾਰਤੀ ਫ਼ੌਜ ਵਿਚ ਭਰਤੀ ਹੋਣ ਤੋਂ ਬਾਅਦ ਅੰਬਾਲਾ ਵਿਚ ਤਾਇਨਾਤ ਸਨ। ਸੁਰਿੰਦਰ ਪਾਲ ਰਾਠੌਰ ਨੇ ਦਸਿਆ ਕਿ ਉਨ੍ਹਾਂ ਅੰਬਾਲਾ ਕੈਂਟ ਦੇ ਸਨਾਤਨ ਧਰਮ ਕਾਲਜ ਤੋਂ ਪੜ੍ਹਾਈ ਕੀਤੀ ਅਤੇ ਫਿਰ ਗਾਂਧੀ ਮੈਮੋਰੀਅਲ ਨੈਸ਼ਨਲ ਕਾਲਜ ਵਿਚ ਦਾਖ਼ਲਾ ਲਿਆ ਪਰ ਇਥੇ ਉਨ੍ਹਾਂ ਨੂੰ ਅਪਣੀ ਪੜ੍ਹਾਈ ਅਧੂਰੀ ਛਡਣੀ ਪਈ। ਸੁਰਿੰਦਰ ਪਾਲ ਰਾਠੌਰ ਨੇ ਦਸਿਆ ਕਿ ਉਸ ਦੇ ਪਿਤਾ ਭਾਰਤੀ ਫ਼ੌਜ ਵਿਚ ਕਰਨਲ ਸਨ। ਇਸ ਕਾਰਨ ਉਸ ਦਾ ਜੀਵਨ ਦੇ ਸ਼ੁਰੂ ਤੋਂ ਹੀ ਭਾਰਤੀ ਫ਼ੌਜ ਨਾਲ ਡੂੰਘਾ ਲਗਾਅ ਹੈ। ਉਹ ਅਕਸਰ ਅਪਣੇ ਪਿਤਾ ਨਾਲ ਫ਼ੌਜ ਦੇ ਕੰਮਕਾਜ ਅਤੇ ਹੋਰ ਪਹਿਲੂਆਂ ਬਾਰੇ ਗੱਲ ਕਰਦੇ ਰਹਿੰਦੇ ਸਨ।

ਪ੍ਰਕਾਸ਼ ਪੁਰਬ ਮੌਕੇ ਸਿੱਖ ਭਰਾਵਾਂ ਦਾ ਸ਼ਲਾਘਾਯੋਗ ਉਪਰਾਲਾ, 16 ਲੋੜਵੰਦ ਕਿਸਾਨਾਂ ਨੂੰ ਦਾਨ ਕੀਤੀ 12 ਏਕੜ ਜ਼ਮੀਨ

ਕਰਨ ਦਾ ਐਲਾਨ ਕੀਤਾ ਹੈ। ਉੱਤਰ ਪ੍ਰਦੇਸ਼ ਦੇ ਪੀਲੀਭੀਤ ਜ਼ਿਲ੍ਹੇ ਦੇ ਵਸਨੀਕ ਸਿੱਖ ਪਰਵਾਰ ਦੇ ਚਾਰ ਭਰਾਵਾਂ ਕੋਲ ਯੂਪੀ ਅਤੇ ਉੱਤਰਾਖੰਡ ਦੀ ਸਰਹੱਦ ਨਾਲ ਲਗਦੇ ਖੇਤਰ ਵਿਚ ਲਗਭਗ 125 ਏਕੜ ਜ਼ਮੀਨ ਹੈ। ਇਨ੍ਹਾਂ ਵਿਚੋਂ ਦੋ ਭਰਾ ਵਿਦੇਸ਼ ਵਿਚ ਰਹਿੰਦੇ ਹਨ। ਬਾਕੀ ਦੋ ਭਰਾ ਬਲਵਿੰਦਰ ਸਿੰਘ ਅਤੇ ਹਰਪਾਲ ਸਿੰਘ ਇਥੇ ਰਹਿੰਦੇ ਹਨ। ਉਨ੍ਹਾਂ ਨੇ ਉੱਤਰਾਖੰਡ ਦੇ ਖਟੀਮਾ ਨੇੜੇ 12 ਏਕੜ ਜ਼ਮੀਨ ਲੋੜਵੰਦ ਕਿਸਾਨਾਂ ਨੂੰ ਦਾਨ ਕਰਨ ਦਾ ਫ਼ੈਸਲਾ ਕੀਤਾ ਹੈ। ਪਿੰਡ ਵਾਸੀਆਂ ਦੀ ਹਾਜ਼ਰੀ ਵਿਚ ਕੰਚਨਪੁਰ ਦੇ ਲੋਕਲ ਬਾਡੀ ਅਧਿਕਾਰੀ ਬੀ ਸਿੰਘ ਅਤੇ ਮਾਲ ਅਧਿਕਾਰੀ ਹੰਸੂ ਲਾਲ ਨੂੰ ਜ਼ਮੀਨ ਦੇ ਕਾਗ਼ਜ਼ ਸੌਂਪੇ ਗਏ। ਬਲਵਿੰਦਰ ਸਿੰਘ ਨੇ ਦਸਿਆ, "ਇਸ ਵਾਰ ਮਾਨਸੂਨ ਵਿਚ ਸ਼ਾਰਦਾ ਅਤੇ ਇਸ ਦੀ ਸਹਾਇਕ ਨਦੀ ਪਰਵੀਨ ਵਿਚ ਪਾਣੀ ਵਧਣ ਕਾਰਨ ਕਿਸਾਨਾਂ ਦੀਆਂ ਜ਼ਮੀਨਾਂ ਡੁੱਬ ਗਈਆਂ ਸਨ। ਉਨ੍ਹਾਂ ਦੀ ਆਮਦਨ ਦਾ ਸਰੋਤ ਖ਼ਤਮ ਹੋ ਗਿਆ ਹੈ। ਜਦੋਂ ਸਾਨੂੰ ਕਿਸਾਨਾਂ ਬਾਰੇ ਪਤਾ ਲਗਿਆ ਤਾਂ ਅਸੀਂ ਉਨ੍ਹਾਂ ਨੂੰ ਜ਼ਮੀਨ ਦਾਨ ਕਰਨ ਦਾ ਫ਼ੈਸਲਾ ਕੀਤਾ"।

ਉਨ੍ਹਾਂ ਕਿਹਾ, "ਸਾਡੇ ਕੋਲ ਲਗਭਗ 125 ਏਕੜ ਜ਼ਮੀਨ ਹੈ। ਅਸੀਂ ਕੁਲ 16 ਏਕੜ ਵਾਹੀਯੋਗ ਜ਼ਮੀਨ ਦੇਣ ਦਾ ਫ਼ੈਸਲਾ ਕੀਤਾ ਹੈ। ਇਸ ਲਈ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੋਂ ਵਧੀਆ ਮੌਕਾ ਹੋਰ ਕੀ ਹੋ ਸਕਦਾ ਹੈ। ਮੈਂ ਸਾਰੇ ਵੀਰਾਂ ਦਾ ਧਨਵਾਦੀ ਹਾਂ ਕਿ ਉਨ੍ਹਾਂ ਨੇ ਇਸ ਨੇਕ ਉਪਰਾਲੇ ਲਈ ਹਾਮੀ ਭਰੀ ਹੈ"। (**ਏਜੰਸੀ**)

ਗੈਸਟ ਟੀਚਰਜ਼ ਐਸੋਸੀਏਸ਼ਨ ਚੰਡੀਗੜ੍ਹ ਨੇ ਪ੍ਰਸ਼ਾਸਕ ਬਨਵਾਰੀ ਲਾਲ ਪੁਰੋਹਿਤ ਨਾਲ ਕੀਤੀ ਮੁਲਾਕਾਤ

ਚੰਡੀਗੜ੍ਹ, 8 ਨਵੰਬਰ (ਸੁਰਜੀਤ ਸਿੰਘ ਸੱਤੀ) : ਸਿਖਿਆ ਵਿਭਾਗ ਵਿਚ ਸਾਲਾਂ ਤੋਂ ਕੰਮ ਕਰ ਰਹੀ ਕੰਟਰੈਕਟ ਅਤੇ ਗੈਸਟ ਟੀਚਰਜ਼ ਐਸੋਸੀਏਸ਼ਨ ਦਾ ਇਕ ਵਫ਼ਦ ਪ੍ਰਧਾਨ ਸ਼ਿਵ ਮੂਰਤ ਦੀ ਅਗਵਾਈ ਵਿਚ ਭਾਜਪਾ ਦੇ ਪ੍ਰਧਾਨ ਅਰੁਣ ਸੂਦ ਦੀ ਪ੍ਰਧਾਨਗੀ ਹੇਠ ਚੰਡੀਗੜ੍ਹ ਦੇ ਪ੍ਰਸ਼ਾਸਕ ਬਨਵਾਰੀ ਲਾਲ ਪੁਰੋਹਿਤ ਨੂੰ ਮਿਲਿਆ।

ਵਫ਼ਦ ਨੇ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਵਲੋਂ ਸਿਖਿਆ ਵਿਭਾਗ ਵਿਚ ਸਾਲਾਂ ਤੋਂ ਕੰਮ ਕਰ ਰਹੇ ਗੈਸਟ/ਠੇਕੇ/ਐਸ.ਐਸ.ਏ ਅਧਿਆਪਕਾਂ ਦੀ ਸੁਰਖਿਆ ਅਤੇ ਰੈਗੂਲਰ ਕਰਨ ਲਈ ਚੰਡੀਗੜ੍ਹ ਪ੍ਰਸ਼ਾਸਨ ਵਲੋਂ ਕੋਈ ਕਦਮ ਨਹੀਂ ਚੁਕਿਆ ਜਾ ਰਿਹਾ ਹੈ ਤੇ ਚੰਡੀਗੜ੍ਹ ਪ੍ਰਸ਼ਾਸਨ ਵਲੋਂ ਜਲਦੀ ਹੀ ਨਵੀਂ ਭਰਤੀ ਲਈ ਇਸ਼ਤਿਹਾਰ ਦੇਣ ਦੀ ਤਿਆਰੀ ਕੀਤੀ ਜਾ ਰਹੀ ਹੈ ਪਰ ਪਹਿਲਾਂ ਤੋਂ ਕੰਮ ਕਰ ਰਹੇ ਕੰਟਰੈਕਟ ਅਤੇ ਗੈਸਟ ਟੀਚਰਾਂ ਨੂੰ ਇਸ਼ਤਿਹਾਰਾਂ ਵਿਚ ਕੋਈ ਢਿੱਲ ਨਹੀਂ ਦਿਤੀ ਜਾ ਰਹੀ ਅਤੇ ਨਾ ਹੀ ਅਜੇ ਤਕ ਰੈਗੂਲਰ ਕਰਨ ਦੀ ਕੋਈ ਨੀਤੀ ਬਣਾਈ ਗਈ ਹੈ। ਗੈਸਟ ਟੀਚਰਾਂ ਨੇ ਕਿਹਾ ਕਿ 6ਵੇਂ ਤਨਖ਼ਾਹ ਕਮਿਸ਼ਨ ਅਨੁਸਾਰ ਠੇਕਾ/ਗੈਸਟ/ਐਸ.ਐਸ.ਏ. ਅਧਿਆਪਕਾਂ ਦੀਆਂ ਤਨਖ਼ਾਹਾਂ ਵਿਚ ਸੋਧ ਨਹੀਂ ਕੀਤੀ ਗਈ ਹੈ। ਹੁਣ ਤਕ ਸਿਖਿਆ ਵਿਭਾਗ ਵਿਚ ਕੰਮ ਕਰ ਰਹੇ ਸੀਆਰਸੀ/ਯੂਆਰਸੀ ਦੇ ਟੀਜੀਟੀ ਗ੍ਰੇਡ ਨੂੰ ਮੁੜ ਸੁਰਜੀਤ ਨਹੀਂ ਕੀਤਾ ਗਿਆ ਹੈ। ਪਿਛਲੇ 8 ਸਾਲਾਂ ਤੋਂ ਐਸਟੀਟੀ ਅਧਿਆਪਕਾਂ ਦੇ ਮਾਣ ਭੱਤੇ ਵਿਚ ਵਾਧਾ ਨਹੀਂ ਕੀਤਾ ਗਿਆ। ਆਲ ਠੇਕਾ ਮੁਲਾਜ਼ਮ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਤੇ ਗੈਸਟ ਟੀਚਰਜ਼ ਐਸੋਸੀਏਸ਼ਨ ਦੇ ਪ੍ਰਧਾਨ ਸ਼ਿਵਮੂਰਤ ਨੇ ਕਿਹਾ ਕਿ ਸਾਨੂੰ ਸਮਝ ਨਹੀਂ ਆਉਂਦੀ ਕਿ ਪਿਛਲੇ 20 ਤੋਂ 25 ਸਾਲਾਂ ਤੋਂ ਅਪਣਾ ਸਰਵੋਤਮ ਪ੍ਰਦਰਸ਼ਨ ਕਰਨ ਵਾਲੇ ਅਧਿਆਪਕਾਂ ਪ੍ਰਤੀ ਸਿਖਿਆ ਵਿਭਾਗ ਅਤੇ ਪ੍ਰਸ਼ਾਸਨ ਅਜਿਹਾ ਰਵਈਆ ਕਿਉਂ ਅਪਣਾਉਂਦੇ ਹਨ। ਜੇਕਰ ਚੰਡੀਗੜ੍ਹ ਪ੍ਰਸ਼ਾਸਨ ਦਿਹਾੜੀਦਾਰਾਂ ਲਈ ਨੀਤੀ ਬਣਾ ਸਕਦਾ ਹੈ ਤਾਂ ਠੇਕਾ ਮੁਲਾਜ਼ਮਾਂ ਨਾਲ ਅਜਿਹਾ ਸਲੂਕ ਕਿਉਂ ਕੀਤਾ ਜਾ ਰਿਹਾ ਹੈ। ਅਸੀਂ ਉਪਰੋਕਤ ਮੰਗਾਂ ਲਈ ਸਕੱਤਰ ਸਿਖਿਆ, ਡੀ.ਐਸ.ਈ., ਇਥੋਂ ਤਕ ਕਿ ਯੋਗ ਸਲਾਹਕਾਰ ਨੂੰ ਵੀ ਕਈ ਬੇਨਤੀਆਂ ਭੇਜੀਆਂ ਪਰ ਸੱਭ ਵਿਅਰਥ। ਭਾਜਪਾ ਪ੍ਰਧਾਨ ਅਰੁਣ ਸੂਦ ਵਲੋਂ ਨਗਰ ਨਿਗਮ 'ਚ ਕੰਮ ਕਰਦੇ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਬੰਧੀ ਸੁਪਰੀਮ ਕੋਰਟ ਵਲੋਂ ਉਮਾ ਦੇਵੀ ਦੇ ਫ਼ੈਸਲੇ ਦੇ ਆਧਾਰ 'ਤੇ ਸਦਨ 'ਚ ਦੋ ਵਾਰ ਏਜੰਡਾ ਪਾਸ ਕੀਤਾ ਗਿਆ ਜੋ ਚੰਡੀਗੜ੍ਹ ਪ੍ਰਸ਼ਾਸਨ ਦੇ ਫ਼ੈਸਲੇ ਲੈਣ 'ਚ ਅਸਮਰਥਾ ਕਾਰਨ ਅਜੇ ਤਕ ਲਟਕਿਆ ਹੋਇਆ ਹੈ।

ਚੰਡੀਗੜ੍ਹ ਭਾਜਪਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿਚ ਚੰਡੀਗੜ੍ਹ ਪ੍ਰਸ਼ਾਸਨ ਦੇ ਇਸ ਰਵੱਈਏ ਤੋਂ ਪ੍ਰਸ਼ਾਸਕ ਨੂੰ ਜਾਣੂ ਕਰਵਾਇਆ ਗਿਆ। ਅਰੁਣ ਸੂਦ ਨੇ ਆਲ ਠੇਕਾ ਮੁਲਾਜ਼ਮ ਯੂਨੀਅਨ ਦੇ ਸਹਿਯੋਗ ਨਾਲ ਚੰਡੀਗੜ੍ਹ ਪ੍ਰਸ਼ਾਸਨ ਦੇ ਲਾਪਰਵਾਹੀ ਵਾਲੇ ਵਤੀਰੇ ਸਬੰਧੀ ਮਾਨਯੋਗ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਕੋਲ ਮਸਲੇ ਉਠਾਉਣ ਦੇ ਫ਼ੈਸਲੇ ਤੋਂ ਵੀ ਪ੍ਰਸ਼ਾਸਕ ਨੂੰ ਜਾਣੂ ਕਰਵਾਇਆ। ਭਾਜਪਾ ਵਲੋਂ ਨਗਰ ਨਿਗਮ ਅਤੇ ਲੋਕ ਸਭਾ ਚੋਣਾਂ ਵਿਚ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਕਈ ਵਾਰ ਚੋਣ ਵਾਅਦੇ ਕੀਤੇ ਗਏ ਸਨ ਪਰ ਪ੍ਰਸ਼ਾਸਨ ਵਲੋਂ ਅਜੇ ਤਕ ਕੋਈ ਵੀ ਉਸਾਰੂ ਕਾਰਵਾਈ ਨਹੀਂ ਕੀਤੀ ਗਈ।

ਆਲ ਠੇਕਾ ਮੁਲਾਜ਼ਮ ਯੂਨੀਅਨ ਬਿਪਿਨ ਸ਼ੇਰ ਸਿੰਘ ਨੇ ਚੰਡੀਗੜ੍ਹ ਪ੍ਰਸ਼ਾਸਨ ਤੋਂ ਮੰਗ ਕਰਦਿਆਂ ਕਿਹਾ ਕਿ ਅਸੀਂ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਸਿਖਿਆ ਵਿਭਾਗ ਵਿਚ ਪਿਛਲੇ 20 ਤੋਂ 25 ਸਾਲਾਂ ਤੋਂ ਕੰਮ ਕਰ ਰਹੇ ਅਧਿਆਪਕਾਂ ਦੀ ਨੌਕਰੀ ਦੀ ਸੁਰੱਖਿਆ ਲਈ ਨੀਤੀ ਬਣਾਈ ਜਾਵੇ ਅਤੇ ਸ੍ਰੀਮਤੀ ਉਮਾ ਦੇਵੀ ਦੇ ਮਾਮਲੇ ਵਿਚ ਕੋਈ ਠੋਸ ਪ੍ਰਸਤਾਵ ਭੇਜਿਆ ਜਾਵੇ। ਮਾਨਯੋਗ ਸੁਪਰੀਮ ਕੋਰਟ ਦੇ ਫ਼ੈਸਲੇ ਦੇ ਆਧਾਰ 'ਤੇ ਸਾਥੀ ਰਾਜਾਂ ਵਾਂਗ ਨਿਯਮਿਤ ਕਰਨਾ। ਗੈਸਟ ਟੀਚਰਜ਼ ਐਸੋਸੀਏਸ਼ਨ ਨੇ ਪ੍ਰਸ਼ਾਸਕ ਤੋਂ ਮੰਗ ਕੀਤੀ ਕਿ ਸਿਖਿਆ ਵਿਭਾਗ ਵਿਚ ਕੰਮ ਕਰ ਰਹੇ ਗੈਸਟ/ਠੇਕਾ ਅਧਿਆਪਕਾਂ ਦੀ ਨੌਕਰੀ ਪਹਿਲ ਦੇ ਆਧਾਰ 'ਤੇ ਪੱਕੀ ਕੀਤੀ ਜਾਵੇ ਅਤੇ ਪਹਿਲਾਂ ਤੋਂ ਕੰਮ ਕਰ ਰਹੇ ਠੇਕਾ ਮੁਲਾਜ਼ਮਾਂ ਨੂੰ ਆਉਣ ਵਾਲੀਆਂ ਰੈਗੂਲਰ ਭਰਤੀਆਂ ਦੇ ਇਸ਼ਤਿਹਾਰਾਂ ਤੋਂ ਛੋਟ ਦਿਤੀ ਜਾਵੇ।

ਵਫ਼ਦ ਵਿਚ ਦੇਵੇਂਦਰ ਬਬਲਾ, ਸ਼ਿਵ ਮੂਰਤ, ਅਵੀ ਭਸੀਨ ਤੇ ਹੋਰ ਸਾਥੀ ਵੀ ਸ਼ਾਮਲ ਸਨ। ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਵਫ਼ਦ ਨੂੰ ਇਨ੍ਹਾਂ ਮੰਗਾਂ 'ਤੇ ਨਿਆਂਪੂਰਨ ਕਾਰਵਾਈ ਦਾ ਭਰੋਸਾ ਦਿਤਾ।

Court Notice
In the Court of
Sh Inderjeet Singh
Judicial Magistrate First Class-3
Jalandhar

Punjab Kashmir Finance Ltd
Vs.
Subedar Yadav
CNR No PBJL03-014424-2021
Next Date : 15-12-2022
Publication Issued to :
**Sub